# ਪ੍ਰੈਸ ਨੋਟ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ

ਦੋ ਵੱਖ-ਵੱਖ ਮਾਮਲਿਆਂ ਵਿੱਚ 1 ਕਿਲੋ 800 ਗ੍ਰਾਮ ਅਫੀਮ ਅਤੇ 50 ਗ੍ਰਾਮ 0.5 ਮਿਲੀਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ

ਸ੍ਰੀ ਮੁਕਤਸਰ ਸਾਹਿਬ ( ) ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲਾ ਅੰਦਰ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਜਿੱਥੇ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਹੀ ਨਸ਼ਾ ਤਸਕਰਾਂ ਨੂੰ ਫੜ ਕੇ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਸ. ਮਨਮੀਤ ਸਿੰਘ ਢਿੱਲੋ ਐਸ.ਪੀ (ਡੀ) ਅਤੇ ਜਸਪਾਲ ਸਿੰਘ ਡੀ.ਐਸ.ਪੀ(ਡੀ) ਦੀ ਨਿਗਰਾਨੀ ਹੇਠ ਐਸ ਆਈ ਕੁਲਬੀਰ ਚੰਦ ਇੰਚਾਰਜ ਸੀ ਆਈ ਏ-2 ਮਲੋਟ ਅਤੇ ਐਸ ਆਈ ਰਣਜੀਤ ਸਿੰਘ ਮੁੱਖ ਅਫਸਰ ਥਾਣਾ ਕਬਰ ਵਾਲਾ ਵੱਲੋਂ ਕਾਰਵਾਈ ਕਰਦੇ ਹੋਏ ਥਾਣਾ ਕਬਰਵਾਲਾ ਵਿਖੇ ਦੋ ਵੱਖ ਵੱਖ ਮੁਕਦਮਿਆਂ ਵਿੱਚ 1 ਕਿਲੋ 800 ਗ੍ਰਾਮ ਅਫੀਮ ਅਤੇ 50 ਗ੍ਰਾਮ 0.5 ਮਿਲੀਗ੍ਰਾਮ ਹੈਰੋਇਨ ਸਮੇਤ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।

ਕੇਸ ਨੰਬਰ 1

ਥਾਣਾ ਕਬਰਵਾਲਾ ਪੁਲਿਸ ਵੱਲੋਂ ਬ੍ਰਾਏ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਕਬਰਵਾਲਾ ਤੋਂ ਕੱਟਿਆਂਵਾਲੀ ਤੋਂ ਹੁੰਦੇ ਹੋਏ ਪਿੰਡ ਪੱਕੀ ਟਿੱਬੀ ਮੌਜੂਦ ਸੀ ਤਾਂ ਇੱਕ ਆਦਮੀ ਰੋੜ ਤੇ ਆਉਂਦਾ ਦਿਖਾਈ ਦਿੱਤਾ ਜਿਸਨੂੰ ਸ਼ੱਕ ਦੀ ਬਿਨਾਂ ਪਰ ਰੋਕ ਕੇ ਉਸ ਵਿਅਕਤੀ ਦਾ ਨਾਮ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਗੋਕਲ ਦਾਸ ਪੁੱਤਰ ਪ੍ਰਭੂ ਦਾਸ ਵਾਸੀ ਰਾਵਤਪੁਰਾ ਜਿਲ੍ਹਾ ਝਾਲਾਵਾੜ (ਰਾਜਸਥਾਨ) ਦੱਸਿਆ। ਪੁਲਿਸ ਵੱਲੋਂ ਸ਼ੱਕ ਦੇ ਅਧਾਰ ਤੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਪਾਸੋਂ 1 ਕਿੱਲੋ 800 ਅਫੀਮ ਬ੍ਰਾਮਦ ਹੋਈ। ਜਿਸ ਤੇ ਉਕਤ ਦੋਸ਼ੀ ਤੇ ਥਾਣਾ ਕਬਰਵਾਲਾ ਪੁਲਿਸ ਵਲੋਂ ਮੁੱਕਦਮਾ ਨੰ 12 ਮਿਤੀ 19.02.2024 ਅ/ਧ 18C/61/85 ਐਨ.ਡੀ.ਪੀ.ਐਸ ਐਕਟ ਥਾਣਾ ਕਬਰਵਾਲਾ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

ਕੇਸ ਨੰਬਰ 2

ਥਾਣਾ ਕਬਰਵਾਲਾ ਪੁਲਿਸ ਵੱਲੋਂ ਬ੍ਰਾਏ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਕੱਟਿਆਵਾਲੀ,ਗੱਦਾ ਡੋਬ ਤਾਂ ਹੁੰਦੇ ਹੋਏ ਪਿੰਡ ਰਾਈਵਾਲਾ ਨੂੰ ਜਾ ਰਹੇ ਸੀ ਤਾਂ ਸ਼ੱਕ ਦੀ ਬਿਨਾਂਹ ਤੇ ਇੱਕ ਵਿਅਕਤੀ ਦਾ ਨਾਮ ਪੁੱਛਿਆ ਜਿਨਾਂ ਨੇ ਆਪਣਾ ਨਾਮ ਗਗਨਦੀਪ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਭੂਰੇ ਗਿੱਲ ਤਹਿਸੀਲ ਅੰਮ੍ਰਿਤਸਰ ਹਾਲ ਪਿੰਡ ਰਾਈਵਾਲਾ ਦੱਸਿਆ ਪੁਲਿਸ ਪਾਰਟੀ ਵੱਲੋਂ ਸ਼ੱਕ ਦੇ ਅਧਾਰ ਤੇ ਉਸ ਕੋਲ ਸਮਾਨ ਦੀ ਤਲਾਸ਼ੀ ਲਈ ਤਾਂ ਉਹਨਾਂ ਪਾਸੋਂ 50 ਗ੍ਰਾਮ 0.5 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਹੋਈ। ਜਿਸ ਤੇ ਮੁਕਦਮਾ ਨੰਬਰ 13 ਮਿਤੀ 19.02.2024 ਅ/ਧ 21A,29/61/85 ਐਨ.ਡੀ.ਪੀ.ਐਸ ਐਕਟ ਥਾਣਾ ਕਬਰਵਾਲਾ ਵਿਖੇ ਦਰਜ਼ ਕਰਕੇ ਉਕਤ ਮੁਕਦਮੇ ਵਿੱਚ ਵਿਆਕਤੀ ਨੂੰ ਗ੍ਰਿਫਤਾਰ ਕੀਤਾ ਗਿਆ। ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਜਿਸ ਦੀ ਦੁਰਾਨੇ ਰਮਾਂਡ ਪੁੱਛ ਗਿੱਛ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।